# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :05-03-2026**

- ਦਸ ਰਾਜਾਂ ਦੀਆਂ 37 ਰਾਜ ਸਭਾ ਸੀਟਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਦਾ ਅਮਲ ਅੱਜ ਖਤਮ ਹੋ ਗਿਆ ਏ.
- ਪੰਜਾਬ ਸਰਕਾਰ ਨੇ ਮੱਧ ਪੂਰਬ ਵਿੱਚ ਚੱਲ ਰਹੇ ਟਕਰਾਅ ਦੌਰਾਨ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਤਾਲਮੇਲ ਅਤੇ ਨਿਗਰਾਨੀ ਵਾਸਤੇ ਦੋ ਸੀਨੀਅਰ ਅਧਿਕਾਰੀ ਤਾਇਨਾਤ ਕੀਤੇ .

- ਪੰਜਾਬ ਦੇ ਲੋਕ ਨਿਰਮਾਣ ਮੰਤਰੀ, ਹਰਭਜਨ ਸਿੰਘ ਈਟੀਓ ਦਾ ਕਹਿਣਾ ਏ ਕਿ ਸੂਬੇ ‘ਚ 4 ਹਜ਼ਾਰ 700 ਕਿਲੋਮੀਟਰ ਨਵੀਆਂ ਸੜਕਾਂ ਬਣਾਈਆਂ ਜਾਣਗੀਆਂ।
- ਪੰਜਾਬ ਵਿੱਚ 7 ਮੈਡੀਕਲ ਕਾਲਜਾਂ ਦਾ ਨਿਰਮਾਣ ਕੀਤਾ ਜਾ ਰਿਹਾ ਏ.

- ਮਰਦਾਂ ਦੇ ICC twenty twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਅੱਜ ਸ਼ਾਮ ਭਾਰਤ ਤੇ ਇੰਗਲੈਂਡ ਆਹਮੋ ਸਾਹਮਣੇ ਹੋਣਗੇ.ਮੈਚ 7 ਵਜੇ ਸ਼ੁਰੂ ਹੋਏਗਾ .

-----------------------------------------------------------

ਅੱਜ ਦਸ ਰਾਜਾਂ ਦੀਆਂ 37 ਰਾਜ ਸਭਾ ਸੀਟਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਦਾ ਅਮਲ ਖਤਮ ਹੋ ਗਿਆ ਏ. ਨਾਮਜ਼ਦਗੀ ਪੱਤਰਾਂ ਦੀ ਜਾਂਚ ਭਲਕੇ ਹੋਵੇਗੀ। ਉਮੀਦਵਾਰ 9 ਮਾਰਚ ਤੱਕ ਆਪਣੇ ਨਾਮਜ਼ਦਗੀ ਪੱਤਰ ਵਾਪਸ ਲੈ ਸਕਦੇ ਨੇ. ਇਨ੍ਹਾਂ ਸੀਟਾਂ ਲਈ ਵੋਟਿੰਗ 16 ਮਾਰਚ ਨੂੰ ਹੋਵੇਗੀ, ਅਤੇ ਨਤੀਜੇ ਉਸੇ ਦਿਨ ਐਲਾਨੇ ਜਾਣਗੇ। ਮਹਾਰਾਸ਼ਟਰ ਵਿੱਚ ਸੱਤ, ਤਾਮਿਲਨਾਡੂ ਵਿੱਚ ਛੇ, ਬਿਹਾਰ ਅਤੇ ਪੱਛਮੀ ਬੰਗਾਲ ਵਿੱਚ ਪੰਜ-ਪੰਜ, ਓਡੀਸ਼ਾ ਵਿੱਚ ਚਾਰ, ਅਸਾਮ ਵਿੱਚ ਤਿੰਨ, ਤੇਲੰਗਾਨਾ, ਛੱਤੀਸਗੜ੍ਹ ਅਤੇ ਹਰਿਆਣਾ ਵਿੱਚ ਦੋ-ਦੋ ਅਤੇ ਹਿਮਾਚਲ ਪ੍ਰਦੇਸ਼ ਵਿੱਚ ਇੱਕ ਸੀਟਾਂ ਲਈ ਵੋਟਿੰਗ ਹੋਵੇਗੀ। ਇਸ ਦੌਰਾਨ, ਕਾਂਗਰਸ ਨੇ ਰਾਜ ਸਭਾ ਲਈ ਛੇ ਉਮੀਦਵਾਰਾਂ ਦੀ ਸੂਚੀ ਜਾਰੀ ਕੀਤੀ ਏ।

-----------------------------------------------------

ਮੱਧ ਪੂਰਬ ਵਿੱਚ ਚੱਲ ਰਹੇ ਟਕਰਾਅ ਦੌਰਾਨ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ, ਪੰਜਾਬ ਸਰਕਾਰ ਨੇ

ਪੂਰੀ ਪ੍ਰਕਿਰਿਆ ਦਾ ਤਾਲਮੇਲ ਅਤੇ ਨਿਗਰਾਨੀ ਕਰਨ ਲਈ ਦੋ ਸੀਨੀਅਰ ਅਧਿਕਾਰੀ ਤਾਇਨਾਤ ਕੀਤੇ ਨੇ. ਸੂਬਾ ਸਰਕਾਰ ਵਲੋਂ 24 ਘੰਟੇ ਚਲਣ ਵਾਲੀ ਹੈਲਪਲਾਈਨ ਪਹਿਲਾਂ ਹੀ ਕਾਇਮ ਕੀਤੀ ਜਾ ਚੁਕੀ ਏ ਤੇ ਪੁਲਿਸ ਦੇ ਵਧੀਕ ਡਾਇਰੈਕਟਰ ਜਨਰਲ ਆਰ.ਕੇ. ਜੈਸਵਾਲ ਨੂੰ ਇਸ ਹੈਲਪਲਾਈਨ ਦਾ ਸਮੁੱਚਾ ਇੰਚਾਰਜ ਨਿਯੁਕਤ ਕੀਤਾ ਗਿਆ ਏ, ਗ੍ਰਹਿ ਵਿਭਾਗ ਦੇ ਸਕੱਤਰ ਵਿਮਲ ਸੇਤੀਆ ਨੂੰ ਤਾਲਮੇਲ ਅਤੇ ਨਿਗਰਾਨੀ ਦੇ ਉਦੇਸ਼ਾਂ ਲਈ ਨੋਡਲ ਅਧਿਕਾਰੀ ਨਿਯੁਕਤ ਕੀਤਾ ਗਿਆ ਏ । ਇਹ ਨੋਡਲ ਅਧਿਕਾਰੀ ਨੂੰ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਨਾਲ ਨਿਰੰਤਰ ਸੰਪਰਕ ਵਿੱਚ ਰਹਿਣ ਦੇ ਨਿਰਦੇਸ਼ ਦਿੱਤੇ ਗਏ ਨੇ. ਨੋਡਲ ਅਧਿਕਾਰੀ ਮੱਧ ਪੂਰਬ, ਏਸ਼ੀਆ ਅਤੇ ਹੋਰ ਦੇਸ਼ਾਂ ਵਿੱਚ ਫਸੇ ਭਾਰਤੀ ਨਾਗਰਿਕਾਂ ਨੂੰ ਕੱਢਣ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਵਲੋਂ ਚੁੱਕੇ ਜਾ ਰਹੇ ਕਦਮਾਂ ਦੀ ਨਿਰੰਤਰ ਨਿਗਰਾਨੀ ਕਰਨਗੇ. ਇਸ ਹੈਲਪਲਾਈਨ 'ਤੇ ਪ੍ਰਾਪਤ ਹੋਈਆਂ ਸਾਰੀਆਂ ਕਾਲਾਂ ਨੂੰ ਸਹੀ ਢੰਗ ਨਾਲ ਰਿਕਾਰਡ ਕੀਤਾ ਜਾਵੇਗਾ ਅਤੇ ਤੁਰੰਤ ਧਿਆਨ ਦਿੱਤਾ ਜਾਵੇਗਾ। ਜਿੱਥੇ ਵੀ ਕੋਈ ਮਾਮਲਾ ਵਿਦੇਸ਼ ਮੰਤਰਾਲੇ ਜਾਂ ਕਿਸੇ ਹੋਰ ਵਿਭਾਗ ਜਾਂ ਅਥਾਰਟੀ ਕੋਲ ਉਠਾਉਣ ਦੀ ਲੋੜ ਏ, ਨੋਡਲ ਅਧਿਕਾਰੀ ਇਹ ਯਕੀਨੀ ਬਣਾਉਣਗੇ ਕਿ ਇਸਨੂੰ ਪਹਿਲ ਦੇ ਆਧਾਰ 'ਤੇ ਲਿਆ ਜਾਵੇ।

ਇਸ ਪਹਿਲਕਦਮੀ ਦਾ ਉਦੇਸ਼ ਇਸ ਗੰਭੀਰ ਅਤੇ ਅਣਕਿਆਸੇ ਸੰਕਟ ਵਿੱਚ ਪ੍ਰਭਾਵਿਤ ਲੋਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨਾ ਏ । ਪੱਛਮੀ ਏਸ਼ੀਆ ਤੇ ਖਾੜੀ ਖੇਤਰ ਦੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਮੱਧ ਏਸ਼ੀਆ ਅਤੇ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਮਦਦ ਲਈ 24 ਘੰਟੇ ਚੱਲਣ ਵਾਲੀ ਹੈਲਪਲਾਈਨ ਸ਼ੁਰੂ ਕੀਤੀ ਏ। ਚੰਡੀਗੜ੍ਹ ਸਥਿਤ ਇਸ ਹੈਲਪਲਾਈਨ ਦੇ ਨੰਬਰ ਨੇ: **0-17-222-60-042 ਅਤੇ 0-17-222-60-0-43**

ਨੰਬਰ ਇੱਕ ਵਾਰ ਫਿਰ ਸੁਣ ਲਓ

**0-17-222-60-042, ਅਤੇ 0-17-222-60-0-43**

ਇਹ ਨੰਬਰ ਵਿਦੇਸ਼ਾਂ ਤੋਂ ਡਾਇਲ ਕੀਤੇ ਜਾ ਸਕਦੇ ਨੇ। ਫੌਰੀ ਮਦਦ ਤੇ ਤਾਲਮੇਲ ਲਈ ਭਾਰਤ ਵਿੱਚੋਂ ਚਾਰ-ਅੰਕਾਂ ਵਾਲਾ ਹੈਲਪਲਾਈਨ ਨੰਬਰ – 1100 - ਡਾਇਲ ਕੀਤਾ ਜਾ ਸਕਦਾ ਏ।

---------------------------------------------------

ਪੰਜਾਬ ਦੇ ਲੋਕ ਨਿਰਮਾਣ ਮੰਤਰੀ, ਹਰਭਜਨ ਸਿੰਘ ਈਟੀਓ ਨੇ ਕਿਹਾ ਏ ਕਿ ਜੂਨ ਦੇ ਅਖੀਰ ਤੱਕ ਸੂਬੇ ਵਿੱਚ 45 ਹਜ਼ਾਰ ਕਿਲੋਮੀਟਰ ਸੜਕਾਂ ਦੀ ਮੁਰੰਮਤ ਅਤੇ ਇਹਨਾਂ ਨੂੰ ਚੌੜਾ ਕਰਨ ਦਾ ਕੰਮ ਕੀਤਾ ਜਾਏਗਾ. ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਉਨ੍ਹਾਂ

ਕਿਹਾ ਕਿ ਸੂਬੇ ਵਿੱਚ ਯਾਤਰਾ ਨੂੰ ਬਿਹਤਰ ਬਣਾਉਣ ਲਈ 4 ਹਜ਼ਾਰ 700 ਕਿਲੋਮੀਟਰ ਨਵੀਆਂ ਸੜਕਾਂ ਵੀ ਬਣਾਈਆਂ ਜਾਣਗੀਆਂ-byte – ਮੰਤਰੀ ਨੇ ਕਿਹਾ ਕਿ ਵਿਭਾਗ, PWD ਦੇ ਗੁਣਵੱਤਾ ਕੰਟ੍ਰੋਲ ਵਿੰਗ, ਤੀਜੀ ਧਿਰ ਜਾਂਚ ਅਤੇ ਮੁੱਖ ਮੰਤਰੀ ਫਲਾਇੰਗ ਸਕੁਐਡ ਰਾਹੀਂ ਨਿਯਮਤ ਵਕਫ਼ੇ 'ਤੇ ਸੜ੍ਹਕ ਨਿਰਮਾਣ ਕਾਰਜਾਂ ਦੀ ਸਮੀਖਿਆ ਅਤੇ ਨਿਰੀਖਣ ਕਰਦਾ ਏ ਤਾਂ ਜੋ ਯਾਤਰੀਆਂ ਨੂੰ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਕਿਹਾ ਕਿ ਸੜ੍ਹਕ ਨਿਰਮਾਣਕਾਰਾਂ ਨੂੰ ਹੁਣ ਉਸਾਰੀ ਲਈ ਦਿੱਤੀ ਗਈ ਮਨਜ਼ੂਰ ਰਕਮ ਦੇ ਅੰਦਰ, 5 ਸਾਲਾਂ ਲਈ ਕਿਸੇ ਵੀ ਖਰਾਬ ਸੜਕ ਨੂੰ ਦੁਬਾਰਾ ਬਣਾਉਣ ਜਾਂ ਮੁਰੰਮਤ ਕਰਨ ਅਤੇ ਰੱਖ-ਰਖਾਅ ਕਰਨ ਲਈ ਜ਼ਿੰਮੇਵਾਰ ਬਣਾਇਆ ਗਿਆ ਏ –BYTES – LIABILITY
ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ 21 ਟੋਲ ਪਲਾਜ਼ਾ ਬੰਦ ਕਰ ਦਿੱਤੇ ਨੇ ਜਿਸ ਕਾਰਨ ਰੋਜ਼ਾਨਾ 67 ਲੱਖ ਰੁਪਏ ਤੋਂ ਵਧ ਦੀ ਬਚਤ ਹੋਈ ਏ । <><>

---------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਜਾਣਕਾਰੀ ਦਿੱਤੀ ਏ ਕਿ ਪੰਜਾਬ ਵਿੱਚ 7 ਮੈਡੀਕਲ ਕਾਲਜਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋਣ ਜਾ ਰਿਹਾ ਏ। ਅੱਜ ਚੰਡੀਗੜ੍ਹ ਦੇ ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਸਿਹਤ ਮੰਤਰੀ ਨੇ ਦੱਸਿਆ ਕਿ ਸਭ ਤੋਂ ਪਹਿਲਾਂ

ਹੁਸ਼ਿਆਰਪੁਰ ਦੇ STATE INSTITUTE OF MEDICAL SCIENCES, ਜਿਸ ਵਿਚ 100 ਸੀਟਾਂ ਹੋਣਗੀਆਂ ਨਾਲ ਮੈਡੀਕਲ ਕਾਲਜ ਤੇ 300 ਬਿਸਤਰਿਆਂ ਵਾਲੇ ਹਸਪਤਾਲ ਦੀ ਉਸਾਰੀ ਕੀਤੀ ਜਾਏਗੀ। ਇਹ ਕਾਰਜ 2 ਸਾਲਾਂ ਵਿੱਚ ਮੁਕੰਮਲ ਹੋਣ ਦੀ ਉਮੀਦ ਏ। ਕਪੂਰਥਲਾ, ਸੰਗਰੂਰ ਤੇ ਸ਼ਹੀਦ ਭਗਤ ਸਿੰਘ ਨਗਰ ਵਿਚ ਵੀ ਇਹੋ-ਜਿਹੇ ਪ੍ਰੋਜੈਕਟ ਅਮਲ ਵਿਚ ਨੇ - Byt-Dr. Balbir Singh – 33 sec
ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਉਦੇਸ਼ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਏ ਅਤੇ ਪੁਰਾਣੇ ਮੈਡੀਕਲ ਕਾਲਜਾਂ ਨੂੰ POST GRADUATE INSTITUTE OF MEDICAL SCIENCES ਦੇ ਪੱਧਰ ਤੱਕ ਲੈ ਕੇ ਜਾਣਾ ਏ।

-----------------------------------------------

ਗੁਰਦਾਸਪੁਰ ਦੀ ਸਕੀਮ ਨੰਬਰ 5 ਵਿੱਚ ਪੰਜ ਨਕਾਬਪੋਸ਼ ਹਥਿਆਰ ਬੰਦ ਲੁਟੇਰਿਆਂ ਵੱਲੋਂ ਦਿਨ ਦਿਹਾੜੇ ਇੱਕ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਏ ਜਿੱਥੇ ਵਰੁਣ ਸਰਾਫ ਨਾਂ ਦੇ ਸੁਨਿਆਰੇ ਦੇ ਘਰ ਵੜ ਕੇ ਪਰਿਵਾਰ ਨੂੰ ਬੰਧਕ ਬਣਾ ਕੇ ਲੁਟੇਰੇ ਕਰੀਬ 30 ਤੋਂ 40 ਲੱਖ ਰੁਪਏ ਦੀ ਨਗਦੀ ਅਤੇ ਕਰੋੜਾਂ ਰੁਪਏ ਦੇ ਸੋਨੇ, ਚਾਂਦੀ ਅਤੇ ਹੀਰੇ ਦੇ ਗਹਿਣੇ ਲੁੱਟ ਕੇ ਲੈ ਗਏ ਨੇ. ਪਰਿਵਾਰ ਅਨੁਸਾਰ ਸਵੇਰੇ ਸਾਢੇ 8 ਵਜੇ ਦੇ ਕਰੀਬ ਪੰਜ ਹਥਿਆਰ ਬੰਦ ਲੁਟੇਰੇ ਗੇਟ ਖੜਕਾ ਕੇ ਉਹਨਾਂ ਦੇ ਘਰ ਵੜ ਗਏ।

ਉਹਨਾਂ ਵੱਲੋਂ ਘਰ ਦੇ ਸਾਰੇ ਕੈਮਰੇ ਤੋੜ ਦਿੱਤੇ ਗਏ ਅਤੇ ਗੇਟ ਖੋਲਣ ਵਾਲੇ ਡਰਾਈਵਰ ਅਤੇ ਪੂਰੇ ਪਰਿਵਾਰ ਨੂੰ ਘਰ ਵਿੱਚ ਹੀ ਹਥਿਆਰਾਂ ਦੀ ਨੋਕ ਤੇ ਬੰਨ ਕੇ ਉਹਨਾਂ ਕੋਲੋਂ ਤਿਜੋਰੀ ਦੀ ਚਾਬੀ ਲੈ ਲਈ ਅਤੇ ਘਰ ਵਿੱਚ ਪਈ ਕਰੀਬ 40 ਲੱਖ ਰੁਪਏ ਦੀ ਨਗਦੀ ਅਤੇ ਕਰੋੜਾਂ ਰੁਪਏ ਦੇ ਸੋਨੇ ਚਾਂਦੀ ਅਤੇ ਹੀਰੇ ਦੇ ਗਹਿਣੇ ਲੁੱਟ ਕੇ ਫਰਾਰ ਹੋ ਗਏ। ਉੱਥੇ ਹੀ ਮੌਕੇ ਤੇ ਪਹੁੰਚੀ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਏ.

---------------------------------------------------

ਗੁਰਦਾਸਪੁਰ ਵਿਖੇ ਵਾਪਰੀ ਲੁੱਟ ਦੀ ਇਸ ਘਟਨਾ ‘ਤੇ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ , ashwini ਸ਼ਰਮਾ ਨੇ ਪੰਜਾਬ ਸਰਕਾਰ ਦੀ ਨੁਕਤਾਚੀਨੀ ਕਰਦਿਆਂ ਇਸ ਨੂੰ ਪੰਜਾਬ ਵਿੱਚ ਡਿੱਗਦੀ ਕਾਨੂੰਨ-ਵਿਵਸਥਾ ਦੀ ਖ਼ੌਫ਼ਨਾਕ ਤਸਵੀਰ ਕਰਾਰ ਦਿੱਤਾ ਏ । ਓਹਨਾਂ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਪੰਜਾਬ ਦਾ ਵਪਾਰੀ ਵਰਗ ਤੇ ਆਮ ਜਨਤਾ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਨੇ.

---------------------------------------------------

ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦਾ ਕਹਿਣਾ ਏ ਕਿ ਪੰਜਾਬ ਸਰਕਾਰ ਨੇ ਸਾਲ 2022 ਤੋਂ ਸਾਲ 2026 ਵਿਚਕਾਰ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਰਾਹੀਂ ਇਤਿਹਾਸਕ ਪ੍ਰਾਪਤੀਆਂ ਕੀਤੀਆਂ ਨੇ. ਅੱਜ

ਚੰਡੀਗੜ੍ਹ 'ਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਓਹਨਾਂ ਜਾਣਕਾਰੀ ਦਿੱਤੀ ਕਿ ਸਰਕਾਰ ਨੇ ਆਰਥਿਕ ਤੌਰ 'ਤੇ ਕਮਜ਼ੋਰ ਪਿਛੋਕੜ ਵਾਲੇ 5 ਲੱਖ 20 ਹਜ਼ਾਰ ਤੋਂ ਵੱਧ ਪੰਜਾਬੀਆਂ ਨੂੰ ਸਮਾਜਿਕ ਸੁਰੱਖਿਆ ਪੈਨਸ਼ਨ ਸਕੀਮ ਵਿੱਚ ਸ਼ਾਮਲ ਕੀਤਾ ਏ। ਇਸ ਦੇ ਨਾਲ ਹੀ ਲਗਭਗ 35.7 ਲੱਖ ਬਜ਼ੁਰਗ ਨਾਗਰਿਕਾਂ, ਬੇਸਹਾਰਾ ਤੇ ਵਿਧਵਾ ਔਰਤਾਂ ਅਤੇ ਦਿਵਿਆਗਜਨਾਂ ਨੂੰ 23,ਹਜ਼ਾਰ 102 ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਗਈ ਏ। ਮੰਤਰੀ ਨੇ ਅੱਗੇ ਦੱਸਿਆ ਕਿ ਰਾਜ ਵਿਆਪੀ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਸਰਕਾਰ ਨੇ ਬਜ਼ੁਰਗ ਨਾਗਰਿਕਾਂ ਨੂੰ ਹਰ ਸੰਭਵ ਸੇਵਾਵਾਂ ਪ੍ਰਦਾਨ ਕਰਨਾ ਯਕੀਨੀ ਬਣਾਇਆ ਅਤੇ 20,ਹਜ਼ਾਰ 110 ਤੋਂ ਵੱਧ ਬਜ਼ੁਰਗ ਵਿਅਕਤੀਆਂ ਨੂੰ ਰਜਿਸਟਰ ਕੀਤਾ ਏ।

---------------------------------------------------

ਮਰਦਾਂ ਦੇ ICC twenty twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਭਾਰਤ ਅੱਜ ਸ਼ਾਮ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ ਦੂਜੇ ਸੈਮੀਫਾਈਨਲ ਵਿੱਚ ਇੰਗਲੈਂਡ ਖਿਲਾਫ਼ ਮੈਦਾਨ 'ਚ ਉਤਰੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਵੇਗਾ।

ਇਸ ਤੋਂ ਪਹਿਲਾਂ ਕੱਲ੍ਹ, ਨਿਊਜ਼ੀਲੈਂਡ ਨੇ ਕੋਲਕਾਤਾ ਦੇ ਈਡਨ ਗਾਰਡਨਸ ਵਿੱਚ ਪਹਿਲੇ ਸੈਮੀਫਾਈਨਲ ਮੁਕਾਬਲੇ ਵਿੱਚ ਦੱਖਣੀ ਅਫਰੀਕਾ ਨੂੰ ਨੌਂ ਵਿਕਟਾਂ ਨਾਲ ਹਰਾਇਆ।

------------------------------------------------------

- ਦਸ ਰਾਜਾਂ ਦੀਆਂ 37 ਰਾਜ ਸਭਾ ਸੀਟਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਦਾ ਅਮਲ ਅੱਜ ਖਤਮ ਹੋ ਗਿਆ ਏ.
- ਪੰਜਾਬ ਸਰਕਾਰ ਨੇ ਮੱਧ ਪੂਰਬ ਵਿੱਚ ਚੱਲ ਰਹੇ ਟਕਰਾਅ ਦੌਰਾਨ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਤਾਲਮੇਲ ਅਤੇ ਨਿਗਰਾਨੀ ਵਾਸਤੇ ਦੋ ਸੀਨੀਅਰ ਅਧਿਕਾਰੀ ਤਾਇਨਾਤ ਕੀਤੇ .

- ਪੰਜਾਬ ਦੇ ਲੋਕ ਨਿਰਮਾਣ ਮੰਤਰੀ, ਹਰਭਜਨ ਸਿੰਘ ਈਟੀਓ ਦਾ ਕਹਿਣਾ ਏ ਕਿ ਸੂਬੇ ‘ਚ 4 ਹਜ਼ਾਰ 700 ਕਿਲੋਮੀਟਰ ਨਵੀਆਂ ਸੜਕਾਂ ਬਣਾਈਆਂ ਜਾਣਗੀਆਂ।
- ਪੰਜਾਬ ਵਿੱਚ 7 ਮੈਡੀਕਲ ਕਾਲਜਾਂ ਦਾ ਨਿਰਮਾਣ ਕੀਤਾ ਜਾ ਰਿਹਾ ਏ.

- ਮਰਦਾਂ ਦੇ ICC twenty twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਅੱਜ ਸ਼ਾਮ ਭਾਰਤ ਤੇ ਇੰਗਲੈਂਡ ਆਹਮੋ ਸਾਹਮਣੇ ਹੋਣਗੇ.ਮੈਚ 7 ਵਜੇ ਸ਼ੁਰੂ ਹੋਏਗਾ .

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ.**

**ਨਮਸ੍ਕਾਰ**